***ਪ੍ਰੈਸ ਨੋਟ***

***(ਫਿਰੋਜ਼ਪੁਰ ਪੁਲਿਸ)***

ਜਿਲ੍ਹਾ ਪੁਲਿਸ ਫਿਰੋਜਪੁਰ ਵੱਲੋਂ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀ ਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ ਕੁਲਵਿੰਦਰ ਸਿੰਘ ਉਰਫ ਕਿੰਦਾ ਪੁੱਤਰ ਸਰਮੁੱਖ ਸਿੰਘ ਵਾਸੀ ਨਵਾ ਕਿਲਾ ਥਾਣਾ ਲੱਖੋ ਕੇ ਬਹਿਰਾਮ, ਜਿਲ੍ਹਾ ਫਿਰੋਜ਼ਪੁਰ ਦੀ **31,19,455/- ਰੁਪਏ ਦੀ** ਬਣਾਈ ਗਈ ਗੈਰ ਕਾਨੂੰਨੀ ਜਾਇਦਾਦ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 **ਤਹਿਤ ਫਰੀਜ਼ ਕਰਵਾਈ ਗਈ ਹੈ**,

**ਜਿਲ੍ਹਾ ਪੁਲਿਸ ਫਿਰੋਜ਼ਪੁਰ ਵੱਲੋ** ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆ ਪਰ ਪੂਰੀ ਤਰਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਮੁਹਿਮ ਤਹਿਤ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਦੀ ਨਿਗਰਾਨੀ ਹੇਠ ਕੰਮ ਕਰ ਰਹੀ ਪੁਲਿਸ ਟੀਮਾਂ ਵੱਲੋਂ ਕੁਲਵਿੰਦਰ ਸਿੰਘ ਉਰਫ ਕਿੰਦਾ ਉਕਤ ਜਿਸ ਤੋਂ 2400 ਨਸ਼ੀਲ਼ੀਆਂ ਗੋਲੀਆ, 100 ਗ੍ਰਾਮ ਹੈਰੋਇਨ ਬਰਾਮਦ ਹੋਣ ਤੇ ਇਸ ਦੇ ਖਿਲਾਫ **ਮੁਕੱਦਮਾ ਨੰ. 53** ਮਿਤੀ 26.06.2019 ਅ/ਧ 21/22/61/85 ਐਨ.ਡੀ.ਪੀ.ਐਸ ਐਕਟ ਥਾਣਾ ਲੱਖੋ ਕੇ ਬਹਿਰਾਮ, ਜਿਲ੍ਹਾ ਫਿਰੋਜ਼ਪੁਰ ਵਿੱਚ ਦਰਜ ਰਜਿਸਟਰ ਹੋਇਆ ਸੀ। ਮੁਕੱਦਮਾ ਜੇਰੇ ਸਮਾਇਤ ਅਦਾਲਤ ਹੈ। ਪੁਲਿਸ ਟੀਮ ਵੱਲੋਂ ਕੁਲਵਿੰਦਰ ਸਿੰਘ ਉਰਫ ਕਿੰਦਾ ਉਕਤ ਦਾ ਰਿਹਾਇਸ਼ੀ ਮਕਾਨ 1617 ਸਕੇਅਰ ਫੁੱਟ ਪਿੰਡ ਨਵਾਂ ਕਿਲਾ ਗੁਰੂਹਰਸਹਾਏ, ਜਿਸ ਦੀ ਕੀਮਤ **29,67,000/-** ਰੁਪਏ ਅਤੇ ਹਰਸਨਗੀਤ ਸਿੰਘ ਪੁੱਤਰ ਕੁਲਵਿੰਦਰ ਸਿੰਘ ਉਰਫ ਕਿੰਦਾ ਦਾ ਜਾਵਾ ਮੋਟਰਸਾਇਕਲ ਜਿਸ ਦੀ ਕੀਮਤ 01,52,455/-ਰੁਪਏ ਸੀ। ਇਸ ਤਰਾਂ **ਇਸ ਕੁੱਲ ਜਾਇਦਾਦ 31,19,455/-** ਰੁਪਏ ਗੈਰ ਕਾਨੂੰਨੀ ਜਾਇਦਾਦ ਨੂੰ ਅ/ਧ 68-ਐਫ(2) ਐਨ.ਡੀ.ਪੀ.ਐਸ. ਐਕਟ 1985 ਤਹਿਤ ਫਰੀਜ਼ ਕਰਵਾਇਆ ਗਿਆ ਹੈ, ਇਹਨਾਂ ਹੁਕਮਾ ਤਹਿਤ **ਅੱਜ ਹਲਕਾ ਡੀ.ਐੱਸ.ਪੀ ਗੁਰੂਹਰਸਹਾਏ ਅਤੇ ਮੁੱਖ ਅਫਸਰ** ਥਾਣਾ ਲੱਖੋ ਕੇ ਬਹਿਰਾਮ **ਵੱਲੋਂ ਫਰੀਜਿੰਗ ਦੇ ਆਰਡਰਾਂ ਨੂੰ** ਕੁਲਵਿੰਦਰ ਸਿੰਘ ਉਰਫ ਕਿੰਦਾ **ਉਕਤ ਦੇ ਘਰ ਦੇ ਬਾਹਰ ਚਿਪਕਾਇਆ ਗਿਆ ਹੈ।**



ਕੁਲਵਿੰਦਰ ਸਿੰਘ ਉਰਫ ਕਿੰਦਾ

**ਇਸ ਤਰਾਂ ਸਾਲ 2023 ਦੌਰਾਨ ਨਸ਼ਾ ਤਸਕਰਾ ਵੱਲੋਂ** ਐਨ.ਡੀ.ਪੀ.ਐਸ ਐਕਟ 1985 ਤਹਿਤ ਪਾਬੰਦੀਸ਼ੁਦਾ ਨਸ਼ੀਲੇ ਪਦਾਰਥਾਂ ਦਾ ਕਾਰੋਬਾਰ ਕਰਕੇ **ਨਜਾਇਜ ਸਾਧਨਾਂ ਰਾਹੀ ਬਣਾਈ** ਗਈ **28 ਕੇਸਾਂ ਦੀ ਕੁੱਲ 13,78,64,902/- ਰੁਪਏ ਦੀ** ਗੈਰ ਕਾਨੂੰਨੀ ਜਾਇਦਾਦ **ਨੂੰ ਫਰੀਜ਼ ਕਰਵਾਈ ਜਾ ਚੁੱਕੀ ਹੈ।** ਜਿਸ ਕਰਕੇ ਸਬੰਧਿਤ ਨਸ਼ਾ ਤਸਕਰ ਹੁਣ ਇਸ ਗੈਰ-ਕਾਨੂੰਨੀ ਜਾਇਦਾਦ ਨੂੰ ਕਿਸੇ ਵੀ ਵਿਅਕਤੀ ਨੂੰ ਵੇਚ/ਟਰਾਂਸਫਰ ਨਹੀ ਕਰ ਸਕਦੇ।

**03 ਨਸ਼ਾ ਤਸਕਰਾਂ** ਦੀ ਗੈਰ ਕਾਨੂੰਨੀ ਜਾਇਦਾਦ ਦੇ ਫਰੀਜਿੰਗ ਆਰਡਰ ਅ/ਧ 68-ਐਫ ਐਨ.ਡੀ.ਪੀ.ਐਸ. ਐਕਟ 1985 ਤਹਿਤ ਤਿਆਰ ਕਰਕੇ ਕੰਪੀਟੈਂਟ ਅਥਾਰਿਟੀ ਨਵੀ ਦਿੱਲੀ ਪਾਸ ਭੇਜੇ ਜਾ ਚੁੱਕੇ ਹਨ।

ਇਸ ਤੋਂ ਇਲਾਵਾ ਨਸ਼ਿਆ ਵਿਰੁੱਧ ਕਾਰਵਾਈ ਕਰਦੇ ਹੋਏ **15 ਹੋਰ ਨਸ਼ਾ ਤਸਕਰਾ** ਦੀ ਪ੍ਰਾਪਰਟੀ ਜਬਤ ਕਰਵਾਉਣ ਸਬੰਧੀ ਜਾਬਤੇ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ।

ਪੜਤਾਲ ਰਿਕਾਰਡ ਕਰਨ ਤੇ ਕੁਲਵਿੰਦਰ ਸਿੰਘ ਉਰਫ ਕਿੰਦਾ **ਉਕਤ** ਦੇ ਖਿਲਾਫ ਹੇਠ ਲਿਖੇ ਮੁਕੱਦਮੇ ਦਰਜ ਰਜਿਸਟਰ ਹੋਣੇ ਤਸਦੀਕ ਹੋਏ ਹਨ:-

1) **ਮੁਕੱਦਮਾ ਨੰ. 77**/18 ਅ/ਧ 21/61/85 ਐਨ.ਡੀ.ਪੀ.ਐਸ ਐਕਟ ਥਾਣਾ ਲੱਖੋ ਕੇ ਬਹਿਰਾਮ।
2) **ਮੁਕੱਦਮਾ ਨੰ. 53** ਮਿਤੀ 26.06.2019 ਅ/ਧ 21/61/85 ਐਨ.ਡੀ.ਪੀ.ਐਸ ਐਕਟ ਥਾਣਾ ਲੱਖੋ ਕੇ ਬਹਿਰਾਮ।
3) **ਮੁਕੱਦਮਾ ਨੰ. 84** ਮਿਤੀ 17.08.2021 ਅ/ਧ 21/61/85 ਐਨ.ਡੀ.ਪੀ.ਐਸ ਐਕਟ ਥਾਣਾ ਲੱਖੋ ਕੇ ਬਹਿਰਾਮ।

4) **ਮੁਕੱਦਮਾ ਨੰ. 11** ਮਿਤੀ 15.02.2022 ਅ/ਧ 21/29/61/85 ਐਨ.ਡੀ.ਪੀ.ਐਸ ਐਕਟ ਥਾਣਾ ਲੱਖੋ ਕੇ ਬਹਿਰਾਮ।
5) **ਮੁਕੱਦਮਾ ਨੰ. 99** ਮਿਤੀ 27.08.2022 ਅ/ਧ 21/29/61/85 ਐਨ.ਡੀ.ਪੀ.ਐਸ ਐਕਟ ਥਾਣਾ ਲੱਖੋ ਕੇ ਬਹਿਰਾਮ।